ਜ਼ਿਲ੍ਹਾ ਲੋਕ ਸੰਪਰਕ ਦਫਤਰ, ਫਤਹਿਗੜ੍ਹ ਸਾਹਿਬ

ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਨੇ ਲਾਵਾਰਸ ਹਾਲਤ ਵਿੱਚ ਮਿਲੇ ਬੱਚੇ ਨੂੰ ਮਾਪਿਆਂ ਸਪੁਰਦ ਕੀਤਾ

ਗਾਜ਼ੀਆਬਾਦ ਦਾ ਰਹਿਣ ਵਾਲਾ ਹੈ ਬੱਚਾ

ਫਤਹਿਗੜ੍ਹ ਸਾਹਿਬ, 15 ਮਈ

ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਵਲੋਂ ਬੀਤੇ ਦਿਨੀ ਲਾਵਾਰਸ ਹਾਲਤ ਵਿੱਚ ਮਿਲੇ ਗਾਜ਼ੀਆਬਾਦ ਦੇ ਰਹਿਣ ਵਾਲੇ ਇੱਕ ਬੱਚੇ ਨੂੰ ਉਸ ਦੇ ਮਾਪਿਆਂ ਦੇ ਸਪੁਰਦ ਕਰ ਦਿੱਤਾ ਗਿਆ। ਇਹ ਜਾਣਕਾਰੀ ਦਿੰਦਿਆਂ ਜਿਲ੍ਹਾ ਬਾਲ ਸੁਰੱਖਿਆ ਅਫ਼ਸਰ, ਹਰਭਜਨ ਸਿੰਘ ਮਹਿਮੀ ਨੇ ਦੱਸਿਆ ਕਿ ਉਕਤ ਲੜਕਾ, ਜਿਸ ਦੀ ਉਮਰ ਤਕਰੀਬਨ 15 ਸਾਲ ਹੈ, ਜੋ ਕੀ ਥਾਣਾ ਫਤਹਿਗੜ੍ਹ ਸਾਹਿਬ ਵਲੋਂ ਯੂਨਿਟ ਦੇ ਸਪੁਰਦ ਕਿੱਤਾ ਗਿਆ ਸੀ, ਤਫਤਿਸ਼ ਕਰਨ ਤੋਂ ਪੱਤਾ ਲੱਗਿਆ ਕਿ ਇਹ ਬੱਚਾ ਗਾਜੀਆਬਾਦ ਦਾ ਰਹਿਣ ਵਾਲਾ ਹੈ ਅਤੇ ਪਿਛਲੇ ਛੇ ਮਹੀਨਿਆਂ ਤੋਂ ਘਰੋਂ ਬਾਹਰ ਸੀ। ਇਸ ਤੋਂ ਬਾਅਦ ਉਸ ਦਾ ਸਿਵਲ ਹਸਪਤਾਲ ਵਿੱਚ ਮੈਡੀਕਲ ਕਰਵਾਇਆ ਗਿਆ ਅਤੇ ਆਈਸੋਲੇਸ਼ਨ ਵਿੱਚ ਰੱਖਿਆ ਗਿਆ।

ਇਸੇ ਦੌਰਾਨ ਯੂਨਿਟ ਵਲੋਂ ਗਾਜੀਆਬਾਦ ਦੇ ਪੁਲਿਸ ਸਟੇਸ਼ਨ ਨਾਲ ਤਾਲਮੇਲ ਕਰ ਕੇ ਬੱਚੇ ਦੇ ਮਾਪਿਆਂ ਨਾਲ ਗੱਲ ਕੀਤੀ ਗਈ। ਉਹਨਾ ਨੇ ਦੱਸਿਆ ਕਿ ਉਹ ਛੇ ਮਹੀਨੇ ਤੋਂ ਆਪਣੇ ਬੱਚੇ ਦੀ ਭਾਲ ਕਰ ਰਹੇ ਹਨ। ਇਸ ਤੋਂ ਬਾਅਦ ਮੈਡੀਕਲ ਦੀ ਰਿਪੋਰਟ ਆਉਣ 'ਤੇ ਬਾਲ ਭਲਾਈ ਕਮੇਟੀ ਰਾਹੀਂ ਬੱਚੇ ਨੂੰ ਉਸ ਦੇ ਘਰ ਭੇਜਣ ਦਾ ਫੈਸਲਾ ਲਿਆ ਗਿਆ, ਜਿਸ ਤੋਂ ਬਾਅਦ ਜਿਲ੍ਹਾ ਬਾਲ ਸੁਰੱਖਿਆ ਯੂਨੀਟ ਦੇ ਸੁਰੱਖਿਆ ਅਫਸਰ ਮੁਬੀਨ ਕੁਰੈਸ਼ੀ ਅਤੇ ਥਾਣਾ ਫਤਹਿਗੜ੍ਹ ਸਾਹਿਬ ਦੇ ਏ. ਐਸ. ਆਈ. ਹਰਬੰਸ ਸਿੰਘ ਅਤੇ ਹੌਲਦਾਰ ਰਾਜਿੰਦਰ ਕੁਮਾਰ ਵਲੋਂ ਉਕਤ ਬੱਚੇ ਨੂੰ ਗਾਜੀਆਬਾਦ ਵਿੱਖੇ ਉਸ ਦੇ ਮਾਪਿਆਂ ਦੇ ਸਪੁਰਦ ਕੀਤਾ ਗਿਆ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ੍ਹ ਸਾਹਿਬ

ਵਿਸ਼ਵ ਧਰਤੀ ਦਿਵਸ ਮਨਾਇਆ

ਧਰਤੀ ਨੂੰ ਸੋਹਣੀ, ਸਿਹਤਮੰਦ ਅਤੇ ਜੈਵਿਕ ਵਿਭਿੰਨਤਾ ਵਾਲੀ ਬਨਾਉਣ ਦੀ ਸਹੁੰ ਚੁੱਕੀ

ਫਤਹਿਗੜ੍ਹ ਸਾਹਿਬ , 15 ਮਈ

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਫਤਹਿਗੜ੍ਹ ਸਾਹਿਬ ਵੱਲੋਂ ਵਿਭਾਗ ਦੇ ਦਫਤਰ ਵਿਖੇ ਡਾ.ਇੰਦਰਪਾਲ ਸਿੰਘ ਸੰਧੂ, ਮੁੱਖ ਖੇਤੀਬਾੜੀ ਅਫਸਰ ਦੀ ਅਗਵਾਈ ਵਿੱਚ ਧਰਤੀ ਦਿਵਸ ਮਨਾਇਆ ਗਿਆ, ਜਿਸ ਵਿੱਚ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਮੁਲਾਜ਼ਮਾਂ ਨੇ ਧਰਤੀ ਨੂੰ ਸੋਹਣੀ, ਸਿਹਤਮੰਦ ਅਤੇ ਜੈਵਿਕ ਵਿਭਿੰਨਤਾ ਵਾਲੀ ਬਨਾਉਣ ਦੀ ਸਹੁੰ ਚੁੱਕੀ। ਉਨ੍ਹਾਂ ਨੇ ਤਹੱਈਆ ਕੀਤਾ ਕਿ ਜ਼ਮੀਨ ਦੀ ਖ਼ੂਬਸੂਰਤੀ ਤੇ ਸਿਹਤਯਾਬੀ ਨੂੰ ਬਰਕਰਾਰ ਰੱਖਣ ਲਈ ਵੱਖ ਵੱਖ ਉਪਰਾਲੇ ਕਰਨਗੇ। ਪਾਣੀ ਨੂੰ ਵੱਖ ਵੱਖ ਤਰੀਕਿਆਂ ਨਾਲ ਬਚਾਉਣ ਦੇ ਯਤਨ ਹੋਰ ਤੇਜ਼ ਕੀਤੇ ਜਾਣਗੇ ਤੇ ਵੱਧ ਤੋਂ ਵੱਧ ਰੁੱਖ ਲਗਾਏ ਜਾਣਗੇ।

ਮੁੱਖ ਖੇਤੀਬਾੜੀ ਅਫਸਰ ਨੇ ਝੋਨੇ ਦੀ ਸਿੱਧੀ ਬਿਜਾਈ, ਬੈਡਾਂ ਉੱਪਰ ਝੋਨੇ ਦੀ ਬਿਜਾਈ, ਪੈਡੀ ਟਰਾਂਸਪਲਾਂਟਿੰਗ ਥੱਲੇ ਰਕਬਾ ਵਧਾਉਣ ਤੇ ਜ਼ੋਰ ਦਿੰਦਿਆਂ ਕਿਹਾ ਕਿ ਇਸ ਨਾਲ ਧਰਤੀ ਦੀ ਉਪਜਾਊ ਸ਼ਕਤੀ ਵੀ ਬਚੀ ਰਹੇਗੀ ਅਤੇ ਪਾਣੀ ਦੀ ਬੱਚਤ ਵੀ ਹੋਵੇਗੀ। ਇਸੇ ਤਰ੍ਹਾਂ ਉਨ੍ਹਾਂ ਨੇ ਜੈਵਿਕ ਵਿਭਿੰਨਤਾ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਪ੍ਰੇਰਦਿਆਂ ਕਿਹਾ ਕਿ ਜੈਵਿਕ ਵਿਭਿੰਨਤਾ ਤਹਿਤ ਕਈ ਪੰਛੀਆਂ ਦੀ ਲੋੜ ਕਿਸੇ ਦਰੱਖਤ 'ਤੇ ਵਾਸਾ ਕਰਨ ਦੀ ਹੁੰਦੀ ਹੈ ਅਤੇ ਕਈ ਪੰਛੀਆਂ ਦੀ ਵੱਖਰੇ ਦਰੱਖਤ ਦੀ ਚੋਣ ਹੁੰਦੀ ਹੈ।

ਡਾ.ਸੰਧੂ ਨੇ ਕਿਹਾ ਜਿਵੇਂ ਕੋਵਿਡ 19 ਸਬੰਧੀ ਪੁਲਿਸ, ਡਾਕਟਰਜ਼, ਪੈਰਾ ਮੈਡੀਕਲ ਸਟਾਫ ਲੜਾਈ ਲੜ ਰਹੇ ਹਨ, ਉਸੇ ਤਰ੍ਹਾਂ ਭਾਰਤ ਨੂੰ ਫੂਡ ਫਰੰਟ 'ਤੇ ਆਤਮ ਨਿਰਭਰ ਰੱਖਣ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਡਾ. ਨਰਿੰਦਰਬੀਰ ਸਿੰਘ ਮਾਨ, ਸਹਾਇਕ ਡਾਇਰੈਕਟਰ ਬਾਗਬਾਨੀ, ਡਾ. ਵਿਪਿਨ ਰਾਮਪਾਲ, ਡਿਪਟੀ ਡਾਇਰੈਕਟਰ ਕੇ.ਵੀ.ਕੇ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਜ਼ਿਲ੍ਹਾ ਲੋਕ ਸੰਪਰਕ ਅਫਸਰ ਫਤਹਿਗੜ੍ਹ ਸਾਹਿਬ

ਜ਼ਿਲ੍ਹੇ ਵਿੱਚ ਸ਼ਰਾਬ ਦੇ ਠੇਕੇ ਸਵੇਰੇ 07.00 ਵਜੇ ਤੋਂ ਸ਼ਾਮ 6.00 ਵਜੇ ਤੱਕ ਖੋਲ੍ਹਣ ਦੀ ਛੋਟ

ਸ਼ਰਾਬ ਦੀ ਹੋਮ ਡਲੀਵਰੀ ਨਹੀਂ ਹੋਵੇਗੀ

ਜ਼ਿਲ੍ਹਾ ਮੈਜਿਸਟਰੇਟ ਵਲੋਂ ਹੁਕਮ ਜਾਰੀ

ਫਤਹਿਗੜ੍ਹ ਸਾਹਿਬ, 15 ਮਈ

ਜ਼ਿਲ੍ਹਾ ਮੈਜਿਸਟਰੇਟ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਹੁਕਮ ਜਾਰੀ ਕੀਤੇ ਹਨ ਕਿ ਜਿਲ੍ਹੇ ਅੰਦਰ ਸ਼ਰਾਬ ਦੇ ਠੇਕੇ ਖੋਲਣ ਦਾ ਸਮਾਂ ਸਵੇਰੇ 07.00 ਵਜੇ ਤੋਂ ਸ਼ਾਮ 6.00 ਵਜੇ ਤੱਕ ਹੋਵੇਗਾ ਤੇ ਸ਼ਰਾਬ ਦੀ ਹੋਮ ਡਲੀਵਰੀ ਨਹੀਂ ਹੋਵੇਗੀ।

ਠੇਕੇ ਦੇ ਬਾਹਰ ਪੰਜ ਤੋਂ ਵੱਧ ਵਿਅਕਤੀ ਇੱਕ ਸਮੇਂ 'ਤੇ ਇੱਕਠੇ ਨਹੀਂ ਹੋਣਗੇ ਤੇ ਗ੍ਰਾਹਕਾਂ ਦਰਮਿਆਨ ਸਮਾਜਿਕ ਦੂਰੀ ਲਈ ਜਮੀਨ 'ਤੇ ਨਿਸ਼ਾਨ ਲਗਾਏ ਜਾਣਗੇ।

ਠੇਕੇ 'ਤੇ ਸੈਨੀਟਾਈਜਰ ਰੱਖਣਾ ਅਤੇ ਹੋਰ ਸੈਨੀਟਾਈਜਿੰਗ ਦੇ ਪ੍ਰਬੰਧ, ਜੋ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਲੋੜੀਂਦੇ ਹੋਣ, ਕੀਤੇ ਹੋਣੇ ਲਾਜ਼ਮੀ ਹਨ। ਕੋਈ ਵੀ ਛੋਟ ਕੰਨਟੇਨਮੈਂਟ ਖੇਤਰਾਂ ਵਿੱਚ ਲਾਗੂ ਨਹੀ ਹੋਵੇਗੀ। ਦਿੱਤੀ ਗਈ ਛੋਟ ਦੌਰਾਨ ਸਬੰਧਤ ਸਥਾਨਾਂ ਤੇ ਕੋਵਿਡ-19 ਸਬੰਧੀ ਸਮੇਂ ਸਮੇਂ 'ਤੇ ਜਾਰੀ ਗਾਈਡ ਲਾਇਨਜ਼/ਐਡਵਾਇਜਰੀਜ਼ ਦੀ ਇੰਨ ਬਿੰਨ ਪਾਲਣਾ ਕੀਤੀ ਜਾਣੀ ਯਕੀਨੀ ਬਣਾਈ ਜਾਵੇ।

ਕੋਵਿਡ-19 ਸਬੰਧੀ ਹਦਾਇਤਾਂ ਦੀ ਕਿਸੇ ਤਰ੍ਹਾਂ ਉਲੰਘਣਾ ਪਾਏ ਜਾਣ ਦੀ ਸੂਰਤ ਵਿੱਚ ਸਬੰਧਤ ਖਿਲਾਫ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ
ਸਟੀਲ ਉਦਯੋਗ ਵਿੱਚੋਂ 28 ਲੱਖ ਰੁਪਏ ਚੋਰੀ ਕਰਨ ਦੇ ਦੋਸ਼ ਹੇਠ ਦੂਜਾ ਮੁਲਜ਼ਮ ਵੀ ਗ੍ਰਿਫਤਾਰ
ਚੋਰੀ ਦੇ ਪੈਸਿਆਂ ਨਾਲ ਖਰੀਦੀ ਕਾਰ ਬਰਾਮਦ
ਕਥਿਤ ਦੋਸ਼ੀਆਂ ਨੇ 04 ਲੱਖ 30 ਹਜ਼ਾਰ ਰੁਪਏ ਨਾਲ ਖਰੀਦੀ ਸੀ ਸਵਿਫਟ ਕਾਰ
ਕਥਿਤ ਦੋਸ਼ੀ ਤੋਂ ਪਹਿਲਾਂ ਹੀ ਬਰਾਮਦ ਕੀਤੇ ਜਾ ਚੁੱਕੇ ਹਨ 10 ਲੱਖ ਰੁਪਏ
ਫ਼ਤਹਿਗੜ੍ਹ ਸਾਹਿਬ, 15 ਮਈ :
ਜ਼ਿਲ੍ਹਾ ਪੁਲੀਸ ਮੁਖੀ ਸ੍ਰੀਮਤੀ ਅਮਨੀਤ ਕੌਂਡਲ ਨੇ ਦੱਸਿਆ ਕਿ ਮੰਡੀ ਗੋਬਿੰਦਗੜ੍ਹ ਸਥਿਤ ਮੈਸ:ਪ੍ਰਦੀਪ ਸਟੀਲ ਐਂਡ ਐਗਰੋ ਇੰਡਸਟਰੀ ਨੇੜੇ ਪ੍ਰਿੰਸ ਕੰਡਾ ਅਮਲੋਹ ਰੋਡ, ਜਿਸ ਦੇ ਦਫ਼ਤਰ ਦੀ ਅਲਮਾਰੀ ਤੋੜ ਕੇ ਕਥਿਤ ਦੋਸ਼ੀਆਂ ਨੇ 28 ਲੱਖ ਰੁਪਏ ਚੋਰੀ ਕੀਤੇ ਸਨ ਅਤੇ ਪੁਲਿਸ ਨੇ ਇਸ ਸਬੰਧੀ ਕਥਿਤ ਦੋਸ਼ੀ ਹਰਵਿੰਦਰ ਸਿੰਘ ਉਰਫ ਕਾਲਾ ਵਾਸੀ ਮਕਾਨ ਮੰਡੀ ਗੋਬਿੰਦਗੜ੍ਹ ਨੂੰ ਚੋਰੀ ਕੀਤੇ 10 ਲੱਖ ਰੁਪਏ ਗ੍ਰਿਫਤਾਰ ਕੀਤਾ ਸੀ । ਹੁਣ ਪੁਲੀਸ ਵੱਲੋਂ ਮੁਲਜ਼ਮ ਦੇ ਦੂਜੇ ਸਾਥੀ ਕਥਿਤ ਦੋਸ਼ੀ ਧੀਰਜ ਕੁਮਾਰ ਵਾਸੀ ਗਿਰਹੀਆ, ਜ਼ਿਲ੍ਹਾ ਮਹਿਰਾਜਗੰਜ ਯੂ.ਪੀ. ਹਾਲ ਵਾਸੀ ਸ਼ਾਂਤੀ ਨਗਰ ਗੋਬਿੰਦਗੜ੍ਹ ਨੂੰ ਯੂ.ਪੀ. ਤੋਂ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ। ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ ਐਸ.ਪੀ. (ਜਾਂਚ) ਸ. ਹਰਪਾਲ ਸਿੰਘ ਨੇ ਦੱਸਿਆ ਕਿ ਪੁਲਿਸ ਰਿਮਾਂਡ ਦੌਰਾਨ ਪੁੱਛ ਪੜਤਾਲ ਦੇ ਆਧਾਰ ਉਤੇ ਮੁਲਜ਼ਮਾਂ ਵੱਲੋਂ ਚੋਰੀ ਕੀਤੇ ਪੈਸਿਆਂ ਵਿੱਚੋਂ 04 ਲੱਖ 30 ਹਜ਼ਾਰ ਰੁਪਏ 'ਚ ਖਰੀਦੀ ਸਵਿਫਟ ਕਾਰ ਨੰ: ਬ੍ਰਾਮਦ ਕੀਤੀ ਗਈ ਹੈ।

ਐਸ.ਪੀ. ਹਰਪਾਲ ਸਿੰਘ ਨੇ ਦੱਸਿਆ ਕਿ ਕਥਿਤ ਦੋਸ਼ੀ ਹਰਵਿੰਦਰ ਸਿੰਘ ਤੇ ਧੀਰਜ ਕੁਮਾਰ ਤੋਂ ਡੂੰਘਾਈ ਨਾਲ ਕੀਤੀ ਪੁੱਛਗਿਛ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਕਥਿਤ ਦੋਸ਼ੀ ਹਰਵਿੰਦਰ ਸਿੰਘ ਦੀ ਪਤਨੀ ਮਮਤਾ ਰਾਣੀ ਵੀ ਇਸ ਚੋਰੀ ਵਿੱਚ ਸ਼ਾਮਲ ਹੈ, ਜਿਸ ਕੋਲ ਚੋਰੀ ਦੇ ਬਾਕੀ ਪੈਸੇ ਹਨ। ਉਨ੍ਹਾਂ ਦੱਸਿਆ ਕਿ ਕਥਿਤ ਦੋਸ਼ੀ ਮਮਤਾ ਰਾਣੀ ਨੂੰ ਅਜੇ ਗ੍ਰਿਫਤਾਰ ਕਰਨਾ ਬਾਕੀ ਹੈ। ਉਨ੍ਹਾਂ ਦੱਸਿਆ ਕਿ ਕਥਿਤ ਦੋਸ਼ੀਆਂ ਦਾ 17 ਮਈ ਤੱਕ ਦਾ ਪੁਲਿਸ ਰਿਮਾਂਡ ਹੈ ਅਤੇ ਇਨ੍ਹਾਂ ਪਾਸੋਂ ਹੋਰ ਵੀ ਜਾਣਕਾਰੀ ਮਿਲਣ ਦੀ ਉਮੀਦ ਹੈ।

ਇਸ ਕੇਸ ਨੂੰ ਹੱਲ ਕਰਨ ਵਿੱਚ ਡੀ.ਐਸ.ਪੀ. (ਜਾਂਚ) ਸ. ਜਸਵਿੰਦਰ ਸਿੰਘ ਟਿਵਾਣਾ ਤੇ ਉਨ੍ਹਾਂ ਦੀ ਟੀਮ ਨੇ ਅਹਿਮ ਭੂਮਿਕਾ ਨਿਭਾਈ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਸਵੇਰੇ 7:00 ਵਜੇ ਤੋਂ ਸ਼ਾਮ 6:00 ਵਜੇ ਤੱਕ ਦੁਕਾਨਾਂ ਖੋਲ੍ਹਣ ਦੀ ਛੋਟ

ਜ਼ਿਲ੍ਹਾ ਮੈਜਿਸਟਰੇਟ ਵਲੋਂ ਹੁਕਮ ਜਾਰੀ

ਫ਼ਤਹਿਗੜ੍ਹ ਸਾਹਿਬ, 15 ਮਈ :

ਜ਼ਿਲ੍ਹਾ ਮੈਜਿਸਟਰੇਟ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਕੋਵਿਡ-19 ਨੂੰ ਫੈਲਣ ਤੋਂ ਰੋਕਣ ਲਈ ਲਗਾਏ ਗਏ ਕਰਫਿਊ ਵਿੱਚ ਪਹਿਲਾਂ ਦਿੱਤੀ ਗਈ ਛੋਟ ਵਿੱਚ ਸੋਧ ਕਰਦੇ ਹੋਏ ਹੁਕਮ ਜਾਰੀ ਕੀਤੇ ਹਨ ਕਿ ਜ਼ਿਲ੍ਹੇ ਅੰਦਰ ਪੈਂਦੀਆਂ ਹਰ ਤਰ੍ਹਾਂ ਦੀਆਂ ਦੁਕਾਨਾਂ (ਸਿਵਾਏ ਸ਼ਾਪਿੰਗ ਮਾਲ, ਕੰਪਲੈਕਸ, ਸਿਨੇਮਾ ਘਰ, ਮਲਟੀਪਲੈਕਸ, ਕੋਚਿੰਗ ਸੈਂਟਰ, ਟਿਊਸ਼ਨ ਸੈਂਟਰ, ਹੇਅਰ ਕਟਿੰਗ ਦੀਆਂ ਦੁਕਾਨਾਂ, ਬਿਊਟੀ ਪਾਰਲਰ, ਸਪਾਅ ਸੈਂਟਰ, ਮਸਾਜ ਸੈਂਟਰ, ਜਿੰਮ, ਡਾਂਸ ਕਲੱਬ, ਸਵੀਮਿੰਗ ਪੂਲ, ਸਪੋਰਟਸ ਕੰਪਲੈਕਸ, ਬਾਰ, ਮੈਰਿਜ ਪੈਲੇਸ, ਬੈਂਕੁਇਟ ਹਾਲ, ਜੰਜਘਰ ਆਦਿ) ਨੂੰ ਸਵੇਰੇ 09:00 ਵਜੇ ਤੋਂ ਦੁਪਹਿਰ 01:00 ਵਜੇ ਤੱਕ ਖੋਲ੍ਹਣ ਦੀ ਦਿੱਤੀ ਛੋਟ ਦੀ ਥਾਂ ਹੁਣ ਇਹ ਛੋਟ ਸਵੇਰੇ 07:00 ਵਜੇ ਤੋਂ ਸ਼ਾਮ 06:00 ਵਜੇ ਤੱਕ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਕੋਈ ਵੀ ਛੋਟ ਕੰਟੇਨਮੈਂਟ ਏਰੀਏ ਵਿੱਚ ਲਾਗੂ ਨਹੀਂ ਹੋਵੇਗੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਵਿਧਾਇਕ ਜੀ.ਪੀ. ਨੇ ਬਸੀ ਪਠਾਣਾਂ-ਖਰੜ ਰੋਡ 'ਤੇ ਗੜਾਂਗਾਂ ਚੌਂਕ ਤੱਕ ਪ੍ਰੀਮਿਕਸ ਪਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ

ਸੜਕ ਦੀ ਨੁਹਾਰ ਬਦਲਣ ਲਈ ਖਰਚੇ ਜਾ ਰਹੇ ਨੇ 04 ਕਰੋੜ 54 ਲੱਖ 07 ਹਜ਼ਾਰ ਰੁਪਏ

ਸੜਕ 'ਤੇ ਪ੍ਰੀਮਿਕਸ ਪਾਉਣ ਸਮੇਂ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਵਰਤੀਆਂ ਜਾ ਰਹੀਆਂ ਹਨ ਸਾਰੀਆਂ ਸਾਵਧਾਨੀਆਂ

ਬਸੀ ਪਠਾਣਾ, 15 ਮਈ :

ਬਸੀ ਪਠਾਣਾ ਹਲਕੇ ਦੀਆਂ ਸੜਕਾਂ ਦੀ ਸਪੈਸ਼ਲ ਮੁਰੰਮਤ ਅਤੇ ਸੜਕਾਂ 'ਤੇ ਪ੍ਰੀਮਿਕਸ ਪਾ ਕੇ ਹਲਕੇ ਦੀਆਂ ਸੜਕਾਂ ਦੀ ਨੁਹਾਰ ਬਦਲੀ ਜਾ ਰਹੀ ਹੈ ਅਤੇ ਹਲਕੇ ਦੇ ਲੋਕਾਂ ਨੂੰ ਆਵਾਜਾਈ ਦੀਆਂ ਬਿਹਤਰ ਸਹੂਲਤਾਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ। ਇਸ ਗੱਲ ਦੀ ਜਾਣਕਾਰੀ ਹਲਕਾ ਵਿਧਾਇਕ ਸ. ਗੁਰਪ੍ਰੀਤ ਸਿੰਘ ਜੀ.ਪੀ. ਨੇ ਬਸੀ ਪਠਾਣਾ-ਖਰੜ ਰੋਡ 'ਤੇ ਗੜਾਂਗਾਂ ਚੌਂਕ ਤੱਕ 12.45 ਕਿਲੋਮੀਟਰ ਲੰਮੀ ਸੜਕ 'ਤੇ 04 ਕਰੋੜ 54 ਲੱਖ 07 ਹਜ਼ਾਰ ਰੁਪਏ ਦੀ ਲਾਗਤ ਨਾਲ ਪ੍ਰੀਮਿਕਸ ਪਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਉਣ ਮੌਕੇ ਗੱਲਬਾਤ ਕਰਦਿਆਂ ਦਿੱਤੀ।

ਵਿਧਾਇਕ ਜੀ.ਪੀ. ਨੇ ਕਿਹਾ ਕਿ ਸੜਕਾਂ ਦੀ ਸਪੈਸ਼ਲ ਮੁਰੰਮਤ ਹੋਣ ਨਾਲ ਲੋਕਾਂ ਨੂੰ ਆਵਾਜਾਈ ਦੀਆਂ ਬਿਹਤਰ ਸਹੂਲਤਾਂ ਉਪਲਬਧ ਹੋਣਗੀਆਂ। ਉਨ੍ਹਾਂ ਦੱਸਿਆ ਕਿ ਸੜਕਾਂ ਦੀ ਵਿਸ਼ੇਸ਼ ਮੁਰੰਮਤ ਦੌਰਾਨ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਾਰੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਜਾ ਰਹੀ ਹੈ।

ਸ. ਗੁਰਪ੍ਰੀਤ ਸਿੰਘ ਜੀ.ਪੀ. ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਿੱਚ ਸੂਬੇ 'ਚ ਕੋਰੋਨਾ ਵਾਇਰਸ ਤੋਂ ਬਚਾਅ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਇਸ ਮੌਕੇ ਐਸ.ਡੀ.ਐਮ. ਸ਼੍ਰੀ ਪਵਿੱਤਰ ਸਿੰਘ, ਚੇਅਰਮੈਨ ਮਾਰਕੀਟ ਕਮੇਟੀ ਸ਼੍ਰੀ ਸਤਬੀਰ ਸਿੰਘ ਨੌਗਾਵਾਂ, ਚੇਅਰਮੈਨ ਮਾਰਕੀਟ ਕਮੇਟੀ ਖਮਾਣੋਂ ਸੁਰਿੰਦਰ ਸਿੰਘ ਰਾਮਗੜ੍ਹ, ਮਾਰਕੀਟ ਕਮੇਟੀ ਦੇ ਉਪ ਚੇਅਰਮੈਨ ਸ਼੍ਰੀ ਅਮੀ ਚੰਦ ਭਟੇੜੀ, ਪਰਮਿੰਦਰ ਸਿੰਘ ਸੱਲ੍ਹ, ਸ਼ਾਮ ਗੌਤਮ, ਲਖਵੀਰ ਸਿੰਘ, ਜਸਵੀਰ ਸਿੰਘ ਕੱਜਲ ਮਾਜਰਾ, ਜਸਵੀਰ ਸਿੰਘ ਪੀ.ਏ., ਐਸ.ਡੀ.ਓ. ਸਮਸ਼ੇਰ ਸਿੰਘ, ਜੇ.ਈ.ਹਰਕੀਤ ਸਿੰਘ, ਠੇਕੇਦਾਰ ਬਲਜਿੰਦਰ ਸਿੰਘ, ਕੁਲਦੀਪ ਸਿੰਘ ਤੇ ਅਰੁਣ ਕੁਮਾਰ ਮੌਜੂਦ ਸਨ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਸਰਹਿੰਦ ਰੇਲਵੇ ਸਟੇਸ਼ਨ ਤੋਂ 1140 ਪਰਵਾਸੀਆਂ ਨੂੰ ਲੈ ਕੇ ਚੌਥੀ 'ਸ਼੍ਰਮਿਕ ਐਕਸਪ੍ਰੈਸ' ਮੱਧ ਪ੍ਰਦੇਸ਼ ਰਵਾਨਾ

ਯਾਤਰੀਆਂ ਵੱਲੋਂ ਪੰਜਾਬ ਸਰਕਾਰ ਦਾ ਧੰਨਵਾਦ

ਫ਼ਤਹਿਗੜ੍ਹ ਸਾਹਿਬ, 15 ਮਈ

ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਰਵਾਸੀਆਂ ਨੂੰ ਉਨ੍ਹਾਂ ਦੀ ਇੱਛਾ ਮੁਤਾਬਕ ਉਨ੍ਹਾਂ ਦੇ ਜੱਦੀ ਸੂਬਿਆਂ ਵਿੱਚ ਮੁਫ਼ਤ ਭੇਜਣ ਲਈ ਕੀਤੇ ਜਾ ਰਹੇ ਅਣਥੱਕ ਯਤਨਾਂ ਤਹਿਤ ਸਰਹਿੰਦ ਰੇਲਵੇ ਸਟੇਸ਼ਨ ਤੋਂ ਚੌਥੀ 'ਸ਼੍ਰਮਿਕ ਐਕਸਪ੍ਰੈਸ' ਰੇਲ ਗੱਡੀ 1140 ਪਰਵਾਸੀਆਂ ਨੂੰ ਲੈ ਕੇ ਗਵਾਲੀਅਰ, ਬੀਨਾ ਤੇ ਕਟਨੀ (ਮੱਧ ਪ੍ਰਦੇਸ਼)ਲਈ ਰਵਾਨਾ ਹੋਈ। ਪਰਵਾਸੀਆਂ ਨੂੰ ਇਸ ਵਿਸ਼ੇਸ਼ ਰੇਲ ਗੱਡੀ ਰਾਹੀਂ ਭੇਜਣ ਦੇ ਖ਼ਰਚੇ ਵਜੋਂ ਪੰਜਾਬ ਸਰਕਾਰ ਕਰੀਬ 06 ਲੱਖ ਰੁਪਏ ਖਰਚ ਰਹੀ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਜ਼ਿਲ੍ਹਾ ਐਸ.ਏ.ਐਸ. ਨਗਰ, ਐਸ.ਬੀ.ਐਸ. ਨਗਰ ਤੇ ਰੂਪਨਗਰ ਤੋਂ ਮੱਧ ਪ੍ਰਦੇਸ਼ ਜਾਣ ਵਾਲੇ ਵਿਅਕਤੀਆਂ ਨੂੰ ਵਿਸ਼ੇਸ਼ ਬੱਸਾਂ ਰਾਹੀਂ ਸਰਹਿੰਦ ਰੇਲਵੇ ਸਟੇਸ਼ਨ ਲਿਆਂਦਾ ਗਿਆ, ਜਿਥੋਂ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਯਾਤਰੀਆਂ ਸਮੇਤ ਇਹ ਯਾਤਰੀ ਆਪਣੇ ਜੱਦੀ ਸੂਬੇ ਲਈ ਰਵਾਨਾ ਹੋਏ।

ਸ਼੍ਰੀਮਤੀ ਗਿੱਲ ਨੇ ਦੱਸਿਆ ਕਿ ਤੈਅ ਪ੍ਰਕਿਰਿਆ ਤਹਿਤ ਰਜਿਸਟਰੇਸ਼ਨ ਉਪਰੰਤ ਮੈਡੀਕਲ ਸਕਰੀਨਿੰਗ ਮੁਕੰਮਲ ਹੋਣ 'ਤੇ ਇਸ ਵਿਸ਼ੇਸ਼ ਰੇਲ ਗੱਡੀ ਰਾਹੀਂ ਪਰਵਾਸੀਆਂ ਨੂੰ ਉਨ੍ਹਾਂ ਦੇ ਸੂਬੇ ਨੂੰ ਭੇਜਿਆ ਗਿਆ ਹੈ ਤੇ ਕਿਸੇ ਵੀ ਯਾਤਰੀ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਗਈ। ਯਤਾਰੀਆਂ ਨੂੰ ਖਾਣਾ ਮੁਹੱਈਆ ਕਰਵਾਉਣ ਦੇ ਨਾਲ ਨਾਲ ਉਨ੍ਹਾਂ ਦੀਆਂ ਸਾਰੀਆਂ ਲੋੜਾਂ ਦਾ ਵਿਸ਼ੇਸ਼ ਧਿਆਨ ਰੱਖਿਆ ਗਿਆ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕੋਰੋਨਾ ਤੋਂ ਬਚਾਅ ਸਬੰਧੀ ਸਮਾਜਕ ਦੂਰੀ ਸਮੇਤ ਸਿਹਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਗਈ ਹੈ। ਇਸ ਮੌਕੇ ਯਾਤਰੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਉਨ੍ਹਾਂ ਦੇ ਵਾਪਸੀ ਲਈ ਜੋ ਉਪਰਾਲਾ ਕੀਤਾ ਹੈ, ਉਹ ਉਸ ਲਈ ਪੰਜਾਬ ਸਰਕਾਰ ਦੇ ਧੰਨਵਾਦੀ ਹਨ।

ਰੇਲ ਗੱਡੀ ਰਵਾਨਾ ਹੋਣ ਮੌਕੇ ਐਸ.ਪੀ. (ਡੀ) ਹਰਪਾਲ ਸਿੰਘ, ਸਹਾਇਕ ਕਮਿਸ਼ਨਰ (ਜ) ਜਸਪ੍ਰੀਤ ਸਿੰਘ, ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਡਾ. ਸੰਜੀਵ ਕੁਮਾਰ, ਐਸ.ਡੀ.ਐਮ. ਅਮਲੋਹ ਸ਼੍ਰੀ ਆਨੰਦ ਸਾਗਰ ਸ਼ਰਮਾ, ਡੀ.ਐਸ.ਪੀ. ਰਮਿੰਦਰ ਸਿੰਘ ਕਾਹਲੋਂ, ਡੀ.ਐਸ.ਪੀ. ਜਸਵਿੰਦਰ ਸਿੰਘ ਟਿਵਾਣਾ, ਤਹਿਸਲੀਦਾਰ ਗੁਰਜਿੰਦਰ ਸਿੰਘ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।